ਕਾਨੜਾ ਮਹਲਾ ੪ ॥ ਹਰਿ ਜਸੁ ਗਾਵਹੁ ਭਗਵਾਨ ॥ ਜਸੁ ਗਾਵਤ ਪਾਪ ਲਹਾਨ ॥ ਮਤਿ ਗੁਰਮਤਿ ਸੁਨਿ ਜਸੁ ਕਾਨ ॥ ਹਰਿ ਹੋ ਹੋ ਕਿਰਪਾਨ ॥ ੧॥ ਰਹਾਉ ॥ ਤੇਰੇ ਜਨ ਧਿਆਵਹਿ ਇਕ ਮਨਿ ਇਕ ਚਿਤਿ ਤੇ ਸਾਧੂ ਸੁਖ ਪਾਵਹਿ ਜਪਿ ਹਰਿ ਹਰਿ ਨਾਮੁ ਨਿਧਾਨ ॥ ਉਸਤਤਿ ਕਰਹਿ ਪ੍ਰਭ ਤੇਰੀਆ ਮਿਲਿ ਸਾਧੂ ਸਾਧ ਜਨਾ ਗੁਰ ਸਤਿਗੁਰੂ ਭਗਵਾਨ ॥੧॥ ਜਿਨ ਕੈ ਹਿਰਦੈ ਤੂ ਸੁਆਮੀ ਤੇ ਸੁਖ ਫਲ ਪਾਵਹਿ ਤੇ ਤਰੇ ਭਵ ਸਿੰਧੁ ਤੇ ਭਗਤ ਹਰਿ ਜਾਨ ॥ ਤਿਨ ਸੇਵਾ ਹਮ ਲਾਇ ਹਰੇ ਹਮ ਲਾਇ ਹਰੇ ਜਨ ਨਾਨਕ ਕੇ ਹਰਿ ਤੂ ਤੂ ਤੂ ਤੂ ਤੂ ਭਗਵਾਨ ॥੨॥੬॥੧੨॥ {ਪੰਨਾ 1297-1298}

ਪਦ ਅਰਥ:- ਜਸੁ—ਸਿਫ਼ਤਿ-ਸਾਲਾਹ। ਗਾਵਤ—ਗਾਂਦਿਆਂ। ਲਹਾਨ—ਲਹਿ ਜਾਂਦੇ ਹਨ। ਸੁਨਿ—ਸੁਣਿਆ ਕਰ। ਕਾਨ—ਕੰਨਾਂ ਨਾਲ। ਹੋ—ਹੇ ਭਾਈ! ਕਿਰਪਾਲ—ਦਇਆਵਾਨ।1। ਰਹਾਉ।

ਧਿਆਵਹਿ—ਧਿਆਉਂਦੇ ਹਨ (ਬਹੁ-ਵਚਨ)। ਇਕ ਮਨਿ—ਇਕ ਮਨ ਨਾਲ। ਇਕ ਚਿਤਿ—ਇਕ ਚਿੱਤ ਨਾਲ। ਤੇ ਸਾਧੂ—ਉਹ ਭਲੇ ਮਨੁੱਖ। ਜਪਿ—ਜਪ ਕੇ। ਨਿਧਾਨ—(ਸੁਖਾਂ ਦਾ) ਖ਼ਜ਼ਾਨਾ। ਕਰਹਿ—ਕਰਦੇ ਹਨ (ਬਹੁ-ਵਚਨ)। ਪ੍ਰਭ—ਹੇ ਪ੍ਰਭੂ! ਮਿਲਿ—ਮਿਲ ਕੇ। ਭਗਵਾਨ—ਹੇ ਭਗਵਾਨ!।1।

ਕੈ ਹਿਰਦੈ—ਦੇ ਹਿਰਦੇ ਵਿਚ। ਸੁਆਮੀ—ਹੇ ਸੁਆਮੀ! ਤੇ—ਉਹ (ਬਹੁ-ਵਚਨ)। ਭਵ ਸਿੰਧੁ—ਸੰਸਾਰ-ਸਮੁੰਦਰ। ਜਾਨ—ਜਾਣੋ। ਹਮ—ਅਸਾਨੂੰ, ਮੈਨੂੰ।2।

ਅਰਥ:- ਹੇ ਭਾਈ! ਹਰੀ ਦੇ ਭਗਵਾਨ ਦੇ ਗੁਣ ਗਾਇਆ ਕਰੋ। (ਹਰੀ ਦੇ) ਗੁਣ ਗਾਂਦਿਆਂ ਪਾਪ ਦੂਰ ਹੋ ਜਾਂਦੇ ਹਨ। ਹੇ ਭਾਈ! ਗੁਰੂ ਦੀ ਮਤਿ ਲੈ ਕੇ (ਆਪਣੇ) ਕੰਨਾਂ ਨਾਲ ਹਰੀ ਦੀ ਸਿਫ਼ਤਿ-ਸਾਲਾਹ ਸੁਣਿਆ ਕਰ, ਹਰਿ ਦਇਆਵਾਨ ਹੋ ਜਾਂਦਾ ਹੈ।1। ਰਹਾਉ।

ਹੇ ਪ੍ਰਭੂ! ਤੇਰੇ ਸੇਵਕ ਇਕ-ਮਨ ਇਕ-ਚਿੱਤ ਹੋ ਕੇ ਤੇਰਾ ਧਿਆਨ ਕਰਦੇ ਹਨ, ਸੁਖਾਂ ਦਾ ਖ਼ਜ਼ਾਨਾ ਤੇਰਾ ਨਾਮ ਜਪ ਜਪ ਕੇ ਉਹ ਗੁਰਮੁਖ ਮਨੁੱਖ ਆਤਮਕ ਆਨੰਦ ਮਾਣਦੇ ਹਨ। ਹੇ ਪ੍ਰਭੂ! ਹੇ ਭਗਵਾਨ! ਤੇਰੇ ਸੰਤ ਜਨ ਗੁਰੂ ਸਤਿਗੁਰੂ ਨੂੰ ਮਿਲ ਕੇ ਤੇਰੀ ਸਿਫ਼ਤਿ-ਸਾਲਾਹ ਕਰਦੇ ਰਹਿੰਦੇ ਹਨ।1।

ਹੇ ਮਾਲਕ! ਜਿਨ੍ਹਾਂ ਦੇ ਹਿਰਦੇ ਵਿਚ ਤੂੰ ਵੱਸ ਪੈਂਦਾ ਹੈਂ, ਉਹ ਆਤਮਕ ਆਨੰਦ ਦਾ ਫਲ ਹਾਸਲ ਕਰਦੇ ਹਨ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ। ਹੇ ਭਾਈ! ਉਹਨਾਂ ਨੂੰ ਭੀ ਹਰੀ ਦੇ ਭਗਤ ਜਾਣੋ। ਹੇ ਹਰੀ! ਹੇ ਦਾਸ ਨਾਨਕ ਦੇ ਭਗਵਾਨ! ਮੈਨੂੰ (ਆਪਣੇ) ਉਹਨਾਂ ਸੰਤ ਜਨਾਂ ਦੀ ਸੇਵਾ ਵਿਚ ਲਾਈ ਰੱਖ, ਸੇਵਾ ਵਿਚ ਲਾਈ ਰੱਖ।2।6।12।